## ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2025/ 34718 **ਦਫਤਰੀ ਹੁਕਮ** ਮਿਤੀ- 27/08/2025

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀਬੀ/2329/12/2025-26/1391 ਅਤੇ ਡੀ.ਪੀ.ਆਰ/2329/12/2025-26/1391 ਮਿਤੀ: 24.07.2025 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 10.08.2025 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਨੂੰ ਉਨ੍ਹਾਂ ਦੇ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਬਤੌਰ ਸੀਨੀਅਰ ਰੈਜੀਡੈਂਟ 03 ਸਾਲ ਦੇ ਟੈਨਿਓਰ ਲਈ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੁਣਿਆ ਜਾਂਦਾ ਹੈ:-

(1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(2) ਚੁਣੇ ਗਏ ਉਮੀਦਵਾਰਾਂ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਹੋ ਜਾਵੇਗੀ, ਉਹ ਅੰਤਿਮ ਹੋਵੇਗੀ।

(3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(4) ਚੁਣੇ ਗਏ ਉਮੀਦਵਾਰਾਂ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਕਿਸੇ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

(5) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰ ਵਿਚੋਂ ਜੇਕਰ ਕੋਈ ਉਮੀਦਵਾਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਪਾਸ ਜੇਕਰ ਸ਼ਿਓਰਟੀ ਬਾਂਡ ਭਰਿਆ ਗਿਆ ਜਾਂ ਨਹੀ ਸਬੰਧੀ ਵੀ ਸਵੈ ਘੋਸ਼ਣਾ ਦਿੱਤੀ ਜਾਵੇਗੀ।

(6) ਕੈਟਾਗਰੀ 7 ਅਧੀਨ ਚੁਣੇ ਗਏ ਉਮੀਦਵਾਰ ਜੇਕਰ ਇਸ ਤੋਂ ਪਹਿਲਾਂ ਕੈਟਗਾਰੀ 6 ਅਧੀਨ ਬਾਂਡਿਡ ਕੈਟਾਗਰੀ ਵੱਜੋ ਕੰਮ ਕਰ ਰਹੇ ਹਨ ਉਨਾਂ ਤੇ ਉਨ੍ਹਾਂ ਵੱਲੋ ਪੀ.ਜੀ ਦੋਰਾਨ ਭਰੇ ਗਏ ਸ਼ੋਰਟੀ ਬਾਂਡ ਦੀਆਂ ਸ਼ਰਤਾ ਲਾਗੂ ਹੋਣਗੀਆਂ ਜਕੇਰ ਟੇਨਿਓਰ ਤੋਂ ਪਹਿਲਾਂ ਸੀਨੀਅਰ ਰੈਜੀਡੈਂਸੀ ਛੱਡੀ ਜਾਂਦੀ ਹੈ ਤਾਂ ਉਹ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਤੇ ਸਰਕਾਰ ਦੀ ਨੋਟੀਫਿਕੇਸ਼ਨ ਮਿਤੀ 23.08.2022 ਅਨੁਸਾਰ ਬਾਂਡ ਮਨੀ ਭਰਨ ਦੇ ਪਾਬੰਦ ਹੋਣਗੇ।

| S.No. | Name of Doctors | Father/Husband Name | Category (1 to 7) |
|---|---|---|---|
| | **ANAESTHESIOLOGY INCLUDING ICCU ETC** | | |
| 1 | Dr. Gunjan | Sh. Vijay Kumar | 7 |
| 2 | Dr. Reeva Dhamija | Sh. Tarun Kumar Dhamija | 7 |
| | **COMMUNITY MEDICINE INCLUDING PUBLIC HEALTH** | | |
| 1 | Dr. Dalraj Singh Bajwa | Sh. Sukhdev Singh Bajwa | 7 |
| | **DERMATOLOGY, VENEREOLOGY AND LEPROSY** | | |
| 1 | Dr. Jyoti Sethi | Sh. Mangal Sethi | 7 |

Contd on Page...2

| | | | |
|---|---|---|---|
| **GENERAL SURGERY** | | | |
| 1 | Dr. Talib Khan | Sh. Ajaib Khan | 7 |
| 2 | Dr. Ranjodh Singh | Sh. Gurpal Singh | 7 |
| 3 | Dr. Jeevan Kumar | Sh. Naresh Kumar | 7 |
| 4 | Dr. Suraj Bansal | Sh. Subodh Kumar | 7 |
| **OBSTETRICS AND GYNECOLOGY** | | | |
| 1 | Dr. Harnoor Kaur | Sh. Gurinder Singh | 7 |
| **ORTHOPEDICS** | | | |
| 1 | Dr. Arpit Jain | Sh. Brishbhan Jain | 7 |
| 2 | Dr. Yassir Mehmood | Sh. Karamat Ullah | 7 |
| 3 | Dr. Sachin Goel | Sh. Vijay Goel | 7 |
| **OTO-RHINO-LARYNGOLOGY** | | | |
| 1 | Dr. Baneet Chadha | Sh. Jagjit Singh Chadha | 7 |
| **PLASTIC SURGERY** | | | |
| 1 | Dr. Ojassvi Rishi | Dr Ravinder Singh Rishi | 7 |
| **PSYCHIATRY** | | | |
| 1 | Dr. Vidur Makkar | Sh. Sanjeev Makkar | 7 |
| **SURGICAL ONCOLOGY** | | | |
| 1 | Dr. Jasmine Kaur | Sh. Karanjeet Singh Sidhu | 7 |

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ
ਸੁਪਰਡੰਟ ਤੇਜਿੰਦਰ ਸਿੰਘ | ਸੀਨੀਅਰ ਸਹਾਇਕ ਵਿਕਰਮ ਸਿੰਘ | ਕਲਰਕ ਅਮਿਤ

ਪਿੱ:ਅੰ:ਨੰ:1(4024)ਈ1/2025/ 34719-57 ਮਿਤੀ- 27/08/2025

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਰਜਿਸਟਰਾਰ, ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
9. ਡਾਇਰਕੈਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੋਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
13. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ
ਸੁਪਰਡੰਟ ਤੇਜਿੰਦਰ ਸਿੰਘ | ਸੀਨੀਅਰ ਸਹਾਇਕ ਵਿਕਰਮ ਸਿੰਘ | ਕਲਰਕ ਅਮਿਤ
27/8